ਦਫ਼ਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ: 1, ਭਵਨ ਤੇ ਮਾਰਗ ਸ਼ਾਖਾ, ਪਟਿਆਲਾ

ਈ-ਮੇਲ cepd1ptapwdpb@gmail.com Ph. No. 0175-2356435

ਵੱਲ

Principal,
Apollo Public School,
Urban Estate Ph-I, Near Radio Station, Patiala

ਮੀਮੋ ਨੰਬਰ- [illegible] ਮਿਤੀ- 01/6/22

ਵਿਸ਼ਾ- ਸਕੂਲ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ- ਆਪ ਦੇ ਸਕੂਲ ਦਾ ਕੇਸ ਮਿਤੀ- 04.04.2022 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਸਬੰਧੀ ਹਵਾਲੇ ਅਧੀਨ ਪੱਤਰ ਦੇ ਸਬੰਧ ਵਿਚ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰਬਰ 4, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਵਲੋਂ ਮੁਆਇਨਾ ਕੀਤਾ ਗਿਆ। ਬਿਲਡਿੰਗ ਦੇਖਣ ਨੂੰ ਸੁਰੱਖਿਅਤ ਜਾਪਦੀ ਹੈ ਅਤੇ ਇਹ ਇਮਾਰਤ ਵਰਤਣਯੋਗ ਹੈ। ਇਸ ਲਈ ਆਪ ਨੂੰ ਇਹ ਸਕੂਲ ਸੇਫਟੀ ਸਰਟੀਫਿਕੇਟ ਹੇਠ ਲਿਖੀਆ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ। ਇਹ ਸਰਟੀਫਿਕੇਟ ਮਿਤੀ 09.01.2023 ਤੱਕ ਵੈਲਿਡ ਰਹੇਗਾ।

*ਸ਼ਰਤਾਂ-*

1. ਸਕੂਲ ਪ੍ਰਸ਼ਾਸਨ ਵਲੋ ਦਿੱਤੀ ਹੋਈ ਅੰਡਰਟੇਕਿੰਗ ਅਨੁਸਾਰ ਬਿਲਡਿੰਗ ਵਿਚ ਕਿਸੇ ਵੀ ਤਰ੍ਹਾ ਦੀ ਤਬਦੀਲੀ ਨਹੀ ਕੀਤੀ ਜਾਵੇਗੀ।
2. ਇਹ ਸਰਟੀਫਿਕੇਟ ਜਾਰੀ ਹੋਣ ਤੇ ਬਾਅਦ ਸਕੂਲ ਪ੍ਰਸ਼ਾਸਨ ਵਲੋ ਸਮੇਂ ਸਮੇਂ ਤੇ ਕਿਸੇ ਸੀਨੀਅਰ ਸਟਰਕਚਰ ਇੰਜੀਨੀਅਰ ਪਾਸੋ ਰੈਗੂਲਰ ਤੌਰ ਤੇ ਇੰਸਪੈਕਸ਼ਨ ਕਰਵਾਈ ਜਾਵੇਗੀ। ਜੇਕਰ ਕਿਸੇ ਵੀ ਸਮੇਂ ਬਿਲਡਿੰਗ ਦੀ ਦੀਵਾਰ/ਛੱਤ/ਕਾਲਮ ਆਦਿ ਵਿੱਚ ਕੋਈ ਤਰੇੜ ਨਜ਼ਰ ਆਉਂਦੀ ਹੈ ਤਾਂ ਸਟਰਕਚਰ ਇੰਜੀਨੀਅਰ ਦੀ ਮਦਦ ਨਾਲ ਬਿਨਾ ਕਿਸੇ ਦੇਰੀ ਤੋਂ ਲੋੜੀਂਦੀ ਮੁਰੰਮਤ ਕਰਵਾਈ ਜਾਵੇਗੀ ਅਤੇ ਇਸ ਵਿਭਾਗ ਨੂੰ ਸੂਚਿਤ ਕਰਨ ਲਈ ਸਕੂਲ ਪ੍ਰਸ਼ਾਸਨ ਪਾਬੰਦ ਹੋਵੇਗਾ ਅਤੇ ਜੇਕਰ ਬਿਲਡਿੰਗ ਵਿੱਚ ਕੋਈ ਵਾਧਾ ਕੀਤਾ ਜਾਂਦਾ ਹੈ ਤਾਂ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਨਵੇਂ ਸਕੂਲ ਸੇਫਟੀ ਸਰਟੀਫਿਕੇਟ ਲਈ ਕੇਸ ਅਪਲਾਈ ਕੀਤਾ ਜਾਵੇ।
3. ਇਸ ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 09.01.2023 ਤੱਕ ਵੈਲਿਡ ਹੈ, ਇਹ ਸਕੂਲ ਸੇਫਟੀ ਸਰਟੀਫਿਕੇਟ 09.01.2023 ਤੱਕ ਵੈਲਿਡ ਰਹੇਗਾ। ਸਕੂਲ ਪ੍ਰਸ਼ਾਸਨ ਵਲੋ ਨਿਸ਼ਚਿਤ ਮਿਤੀ ਤੋਂ ਪਹਿਲਾ ਫਾਇਰ ਸੇਫਟੀ ਸਰਟੀਫਿਕੇਟ ਰਿਨਿਊ ਕਰਵਾਕੇ ਇਸ ਦਫਤਰ ਵਿਖੇ ਜਮ੍ਹਾ ਕਰਵਾਉਣਾ ਪਵੇਗਾ ਅਤੇ ਉਸ ਤੋਂ ਬਾਅਦ ਹੀ 31.03.2023 ਤੱਕ ਦਾ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ।
4. ਸਕੂਲ ਬਿਲਡਿੰਗ ਤੱਕ ਰਸਤਾ ਜੇਕਰ ਲਿਆ ਜਾਂਦਾ ਹੈ ਤਾ ਇਸ ਦੀ ਪ੍ਰਪੱਰ ਮੰਨਜੂਰੀ ਸਬੰਧਤ ਵਿਭਾਗ ਤੋ ਲੈਣੀ ਯਕੀਨੀ ਬਣਾਈ ਜਾਵੇ।
5. ਸੜਕ ਤੋਂ ਸਕੂਲ ਤੱਕ ਅਤੇ ਸੜਕ ਕਰੋਸਿੰਗ ਲਈ ਲੋੜੀਂਦੇ ਪ੍ਰਬੰਧ ਸਹੀ ਢੰਗ ਨਾਲ ਕੀਤੇ ਜਾਣ ਅਤੇ ਲੋੜੀਂਦੇ ਨਿਸ਼ਾਨ ਚਿੰਨ ਅਤੇ ਨਿਸ਼ਾਨ ਬੋਰਡ ਆਪਣੇ ਪੱਧਰ ਤੇ ਲਗਾਉਣੇ ਯਕੀਨੀ ਬਣਾਇਆ ਜਾਵੇ।
6. ਪਾਰਕਿੰਗ ਲਈ ਇੰਤਜਾਮ ਸਕੂਲ ਅਥਾਰਟੀ ਆਪਣੇ ਪੱਧਰ ਤੇ ਕਰੇਗੀ ਜਿਸ ਨਾਲ ਪਬਲਿਕ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀ ਆਉਣੀ ਚਾਹੀਦੀ।
7. ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਜਾਰੀ ਸਕੂਲ ਬੱਸਾ ਵਿੱਚ ਸੁਰਖਿਆ ਸਬੰਧੀ ਹਦਾਇਤਾ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।
8. ਇਹ ਸਰਟੀਫਿਕੇਟ ਜਾਰੀ ਹੋਣ ਤੋ ਬਾਅਦ ਜੇਕਰ ਬਿਲਡਿੰਗ ਵਿਚ ਕੋਈ ਵਾਧਾ ਕੀਤਾ ਜਾਂਦਾ ਹੈ ਤਾ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇ ਅਤੇ ਸਕੂਲ ਪ੍ਰਸ਼ਾਸਨ ਵਲੋ ਨਵਾ ਸਕੂਲ ਸੇਫਟੀ ਸਰਟੀਫਿਕੇਟ ਅਪਲਾਈ ਕੀਤਾ ਜਾਵੇ।
9. ਜੇਕਰ ਉਪਰੋਕਤ ਦਿੱਤੀਆ ਹਦਾਇਤਾ/ਕੰਡੀਸਨਾ ਦੀ ਉਲੰਘਣਾ ਕੀਤੀ ਜਾਂਦੀ ਹੈ ਤਾ ਇਹ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰਬਰ- ਮਿਤੀ-....

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ ਪ੍ਰਾਂਤਕ ਉਪ ਮੰਡਲ ਨੰਬਰ 4, ਭਵਨ ਤੇ ਮਾਰਗ ਸ਼ਾਖਾ, ਪਟਿਆਲਾ ਨੂੰ ਉਨਾ ਦੇ ਪੱਤਰ ਨੰ- 199 ਮਿਤੀ- 24.05.2022 ਦੇ ਹਵਾਲੇ ਵਿਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰਬਰ 1,
ਲੋ.ਨਿ.ਵਿ.,ਭ ਤੇ ਮ ਸ਼ਾਖਾ, ਪਟਿਆਲਾ।